ਪ੍ਰੈਸ ਨੋਟ ਨੰਬਰ 1

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਰਾਹਤ ਕਾਰਜਾਂ ਲਈ 150 ਕਰੋੜ ਅਤੇ ਮੈਡੀਕਲ ਉਪਰਕਨਾਂ ਦੀ ਖਰੀਦ ਲਈ 50 ਕਰੋੜ ਦਿੱਤੇ ਮਨਪ੍ਰੀਤ ਸਿੰਘ ਬਾਦਲ

ਕਰੋਨਾ ਸੰਕਟ ਦੇ ਬਾਵਜੂਦ ਸਰਕਾਰੀ ਕਰਮਚਾਰੀਆਂ ਨੂੰ ਮਿਲੇਗੀ ਪੂਰੀ ਤਨਖਾਹ

ਕਣਕ ਦੀ ਫਸਲ ਦਾ ਦਾਣਾ ਦਾਣਾ ਖਰੀਦਿਆ ਜਾਵੇਗਾ

ਰਾਹਤ ਕਾਰਜਾਂ ਦੀ ਕੀਤੀ ਸਮੀਖਿਆ

ਬਠਿੰਡਾ, 5 ਅਪ੍ਰੈਲ : ਪੰਜਾਬ ਦੇ ਵਿੱਤ ਮੰਤਰੀ ਸ. ਮਨਪ੍ਰੀਤ ਸਿੰਘ ਬਾਦਲ ਨੇ ਅੱਜ ਇੱਥੇ ਦੱਸਿਆ ਹੈ ਕਿ ਸੂਬਾ ਸਰਕਾਰ ਵੱਲੋਂ ਰਾਜ ਦੇ ਜ਼ਿਲਿਆਂ ਨੂੰ ਹੁਣ ਤੱਕ 150 ਕਰੋੜ ਰੁਪਏ ਰਾਹਤ ਕਾਰਜਾਂ ਲਈ ਜਾਰੀ ਕੀਤੇ ਗਏ ਹਨ। ਉਨਾਂ ਨੇ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਇਸ ਮੁਸਕਿਲ ਦੌਰ ਵਿਚ ਸਰਕਾਰ ਸੂਬੇ ਦੇ ਲੋਕਾਂ ਨਾਲ ਖੜੀ ਹੈ ਅਤੇ ਰਾਹਤ ਕਾਰਜਾਂ ਅਤੇ ਕਰੋਨਾ ਦੇ ਪਸਾਰ ਨੂੰ ਰੋਕਣ ਲਈ ਸਾਰੇ ਲੋੜੀਂਦੇ ਇੰਤਜਾਮ ਕੀਤੇ ਜਾਣਗੇ ਅਤੇ ਇਸ ਕੰਮ ਵਿਚ ਪੈਸੇ ਦੀ ਘਾਟ ਕੋਈ ਅੜਿਕਾ ਨਹੀਂ ਬਣੇਗੀ।

ਵਿੱਤ ਮੰਤਰੀ ਸ: ਬਾਦਲ ਨੇ ਅੱਗੇ ਦੱਸਿਆ ਕਿ ਮੈਡੀਕਲ ਉਪਕਰਨ ਅਤੇ ਹੋਰ ਲੋੜੀਂਦਾ ਸਾਜੋ-ਸਮਾਨ ਖਰੀਦਣ ਲਈ ਵੀ 50 ਕਰੋੜ ਰੁਪਏ ਦਿੱਤੇ ਗਏ ਹਨ। ਉਨਾਂ ਨੇ ਦੱਸਿਆ ਕਿ ਕੋਵਿਡ 19 ਦੇ ਟਾਕਰੇ ਲਈ ਹੰਗਾਮੀ ਕਦਮ ਦੇ ਤੌਰ ਤੇ ਵੱਧੀਕ ਮੁੱਖ ਸਕੱਤਰ ਦੀ ਅਗਵਾਈ ਵਾਲੀ ਖਰੀਦ ਕਮੇਟੀ ਨੂੰ ਕੋਵਿਡ 19 ਬਿਮਾਰੀ ਨਾਲ ਨਿਪਟਣ ਲਈ ਸਾਜੋ ਸਮਾਨ ਨਾਲ ਸਬੰਧਤ ਸਾਰੀਆਂ ਖਰੀਦਦਾਰੀਆਂ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ। ਉਨਾਂ ਨੇ ਕਿਹਾ ਕਿ ਇਕ ਹਫ਼ਤੇ ਵਿਚ ਹਰੇਕ ਪ੍ਰਕਾਰ ਦਾ ਸਾਜੋ ਸਮਾਨ ਜ਼ਿਲਿਆਂ ਤੱਕ ਪੁੱਜ ਜਾਵੇਗਾ ਅਤੇ ਕਿਸੇ ਵੀ ਲੋੜੀਂਦੇ ਸਮਾਨ ਦੀ ਘਾਟ ਨਹੀਂ ਰਹੇਗੀ।

ਇਸ ਤਰਾਂ ਇਕ ਹੋਰ ਸਵਾਲ ਦੇ ਜਵਾਬ ਵਿਚ ਵਿੱਤ ਮੰਤਰੀ ਨੇ ਦੱਸਿਆ ਕਿ ਕਰੋਨਾ ਕਾਰਨ ਪੈਦਾ ਹੋਏ ਸਕੰਟ ਦੇ ਬਾਵਜੂਦ ਸੂਬਾ ਸਰਕਾਰ ਆਪਣੇ ਕਰਮਚਾਰੀਆਂ ਨੂੰ ਪੂਰੀਆਂ ਤਨਖਾਹਾਂ ਦੇਵੇਗੀ। ਉਨਾਂ ਨੇ ਕਿਹਾ ਕਿ ਰਾਜ ਦੇ ਲੋਕਾਂ ਨੂੰ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਸ: ਬਾਦਲ ਨੇ ਕਿਹਾ ਕਿ ਇਸ ਮੌਕੇ ਇਕ ਤਰਾਂ ਦੀ ਕੌਮੀ ਜੰਗ ਅਸੀਂ ਲੜ ਰਹੇ ਹਾਂ ਅਤੇ ਕਿਸੇ ਨੂੰ ਵੀ ਇਸ ਮੁੱਦੇ ਤੇ ਸਿਆਸਤ ਨਹੀਂ ਕਰਨੀ ਚਾਹੀਦੀ ਹੈ। ਉਨਾਂ ਨੇ ਕਿਹਾ ਕਿ ਬਠਿੰਡਾ ਵਿਚ ਹਰ ਰੋਜ 25 ਹਜਾਰ ਲੋਕਾਂ ਨੂੰ ਪੱਕਿਆ ਹੋਇਆ ਭੋਜਨ ਖੁਆਇਆ ਜਾ ਰਿਹਾ ਹੈ। 7900 ਲੋਕਾਂ ਨੂੰ ਸੁੱਕਾ ਰਾਸ਼ਨ ਵੰਡਿਆ ਜਾ ਚੁੱਕਾ ਹੈ। ਇਸ ਤੋਂ ਬਿਨਾਂ 7 ਦਿਨ ਪਹਿਲਾਂ ਜਿੰਨਾਂ ਨੂੰ ਇਕ ਇਕ ਹਫ਼ਤੇ ਦਾ ਰਾਸ਼ਨ ਵੰਡਿਆਂ ਗਿਆ ਸੀ ਉਨਾਂ 1000 ਪਰਿਵਾਰਾਂ ਨੂੰ ਅੱਜ ਅਗਲੇ ਹਫਤੇ ਦਾ ਸੁੱਕਾ ਰਾਸ਼ਨ ਦੁਬਾਰਾ ਵੰਡਿਆ ਜਾ ਰਿਹਾ ਹੈ।

ਇਸੇ ਤਰਾਂ ਕਣਕ ਖਰੀਦ ਦਾ ਜਿਕਰ ਕਰਦਿਆਂ ਸ: ਮਨਪ੍ਰੀਤ ਸਿੰਘ ਬਾਦਲ ਨੇ ਦੱਸਿਆ ਕਿ ਸੂਬੇ ਦੀ 22000 ਕਰੋੜ ਰੁਪਏ ਦੀ ਸੀਸੀ ਲਿਮਟ ਮੰਜੂਰ ਹੋ ਚੁੱਕੀ ਹੈ। ਉਨਾਂ ਨੇ ਕਿਹਾ ਕਿ ਕਿਸਾਨਾਂ ਦੀ ਕਣਕ ਖਰੀਦ ਦੀ ਢੁੱਕਵੀਂ ਵਿਵਸਥਾ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਦੀ ਫਸਲ ਦਾ ਦਾਣਾ ਦਾਣਾ ਖਰੀਦਿਆ ਜਾਵੇਗਾ। ਉਨਾਂ ਨੇ ਕਿਹਾ ਕਿ ਖਰੀਦ ਪ੍ਰਕ੍ਰਿਆ ਨੂੰ ਥੋੜਾ ਲੰਬਾ ਕੀਤਾ ਜਾਵੇਗਾ ਤਾਂ ਜੋ ਮੰਡੀਆਂ ਵਿਚ ਸਮਾਜਿਕ ਦੂਰੀ ਬਣੀ ਰਹੇ ਅਤੇ ਕਿਸਾਨ ਅਸਾਨੀ ਨਾਲ ਆਪਣੀ ਫਸਲ ਦੀ ਵਿਕਰੀ ਕਰ ਸਕਨ। ਉਨਾਂ ਨੇ ਕਿਹਾ ਕਿ ਸਰਕਾਰ ਨੇ ਇਸ ਸਬੰਧੀ ਸਾਰੇ ਇੰਤਜਾਮ ਕਰ ਲਏ ਹਨ। ਉਨਾਂ ਨੇ ਕਿਹਾ ਕਿ ਇਸ ਸਮੇਂ ਪੰਜਾਬ ਤੋਂ ਰੋਜਾਨਾਂ ਲਗਭਗ 30 30 ਮਾਲ ਗੱਡੀਆਂ ਦੂਜਿਆਂ ਸੂਬਿਆਂ ਨੂੰ ਜਾ ਰਹੀਆਂ ਹਨ ਜਿਸ ਨਾਲ ਸੂਬੇ ਦੇ ਗੋਦਾਮਾਂ ਵਿਚ ਅਗਲੀ ਫਸਲ ਭੰਡਾਰ ਲਈ ਵਾਧੂ ਥਾਂ ਉਪਲਬੱਧ ਹੋਵੇਗੀ। ਇਸ ਤੋਂ ਪਹਿਲਾਂ ਵਿੱਤ ਮੰਤਰੀ ਨੇ ਜ਼ਿਲੇ ਦੇ ਸੀਨਿਅਰ ਅਧਿਕਾਰੀਆਂ ਨਾਲ ਬੈਠਕ ਕਰਕੇ ਜ਼ਿਲੇ ਵਿਚ ਚੱਲ ਰਹੇ ਰਾਹਤ ਕਾਰਜਾਂ ਦੀ ਸਮੀਖਿਆ ਵੀ ਕੀਤੀ,

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀਨਿਵਾਸਨ, ਐਸਐਸਪੀ ਡਾ: ਨਾਨਕ ਸਿੰਘ, ਕਮਿਸ਼ਨਰ ਨਗਰ ਨਿਗਮ ਸ੍ਰੀ ਬਿਕਰਮਜੀਤ ਸ਼ੇਰਗਿੱਲ, ਐਸਡੀਐਮ ਸ: ਅਮਰਿੰਦਰ ਸਿੰਘ ਟਿਵਾਣਾ, ਸਿਵਲ ਸਰਜਨ ਡਾ: ਅਮਰੀਕ ਸਿੰਘ, ਸ੍ਰੀ ਕੇ.ਕੇ ਅਗਰਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ, ਸ੍ਰੀ ਅਰੁਣ ਵਧਾਵਨ, ਸ੍ਰੀ ਜਗਰੂਪ ਸਿੰਘ ਗਿੱਲ, ਸ੍ਰੀ ਅਸੋਕ ਪ੍ਰਧਾਨ, ਸ੍ਰੀ ਪਵਨ ਮਾਨੀ, ਸ੍ਰੀ ਰਾਜਨ ਗਰਗ, ਸ੍ਰੀ ਬਲਜਿੰਦਰ ਠੇਕੇਦਾਰ, ਸ੍ਰੀ ਅਨਿਲ ਭੋਲਾ, ਸ੍ਰੀ ਮੋਹਨ ਲਾਲ ਝੂੰਬਾ, ਸ੍ਰੀ ਦਰਸ਼ਨ ਘੁੱਦਾ, ਸ੍ਰੀ ਟਹਿਲ ਸਿੰਘ ਸੰਧੂ ਅਤੇ ਸ੍ਰੀ ਰਤਨ ਰਾਹੀ ਆਦਿ ਵੀ ਹਾਜ਼ਰ ਸਨ।



ਬਠਿੰਡਾ 'ਚ ਵਿਖੇ ਰਾਹਤ ਕਾਰਜਾਂ ਬਾਰੇ ਜਾਣਕਾਰੀ ਦਿੰਦੇ ਹੋਏ ਸ. ਮਨਪ੍ਰੀਤ ਸਿੰਘ ਬਾਦਲ ਤੇ ਉਨ੍ਹਾਂ ਨਾਲ ਮੌਜੂਦ ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਬੀ.ਸ੍ਰੀਨਿਵਾਸਨ ਤੇ ਐਸ.ਐਸ.ਪੀ. ਡਾ. ਨਾਨਕ ਸਿੰਘ।

ਪ੍ਰੈਸ ਨੋਟ ਨੰਬਰ ੨

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਬਠਿੰਡਾ ਦੇ ਦਾਨਵੀਰਾਂ ਨੇ ਇਕ ਦਿਨ ਵਿਚ ਰਾਹਤ ਫੰਡ ਵਿਚ ਦਿੱਤੇ 13.64 ਲੱਖ

ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਕੀਤਾ ਧੰਨਵਾਦ

ਲੋਕਾਂ ਨੂੰ ਘਰਾਂ ਦੇ ਅੰਦਰ ਹੀ ਰਹਿਣ ਦੀ ਕੀਤੀ ਅਪੀਲ

ਬਠਿੰਡਾ, 5 ਅਪ੍ਰੈਲ :

ਬਠਿੰਡਾ ਜ਼ਿਲੇ ਦੇ ਦਾਨਵੀਰਾਂ ਨੇ ਅੱਜ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਦੀ ਹਾਜਰੀ ਵਿਚ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੂੰ ਜ਼ਿਲਾ ਪੱਧਰ ਤੇ ਸਥਾਪਿਤ 'ਬਠਿੰਡਾ ਕੋਵਿਡ ਰਾਹਤ ਫੰਡ' ਲਈ 13.64 ਲੱਖ ਰੁਪਏ ਦੀ ਸਹਾਇਤਾ ਦੇ ਚੈਕ ਭੇਂਟ ਕੀਤੇ। ਇਸ ਮੌਕੇ ਸ: ਬਾਦਲ ਨੇ ਸਾਰੇ ਹੀ ਦਾਨਵੀਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਚਮੁੱਚ ਇਹ ਪੂਰੀ ਕੌਮ ਲਈ ਪਰਖ ਦੀ ਘੜੀ ਹੈ ਅਤੇ ਅਸੀਂ ਸਭ ਨੇ ਸਾਡੇ ਲੋੜਵੰਦ ਲੋਕਾਂ ਦੀ ਮਦਦ ਕਰਕੇ ਆਪਣੀਆਂ ਉੱਚ ਰਵਾਇਤਾਂ ਨੂੰ ਬਣਾਈ ਰੱਖਣਾ ਹੈ। ਉਨਾਂ ਨੇ ਮੋਹਰੀਲੀਆਂ ਸਫਾਂ ਵਿਚ ਇਸ ਬਿਮਾਰੀ ਖਿਲਾਫ ਲੜ ਰਹੇ ਸਮੂਹ ਸਰਕਾਰੀ ਵਿਭਾਗਾਂ ਅਤੇ ਗੈਰ ਸਰਕਾਰੀ ਸਮਾਜਿਕ ਜੱਥੇਬੰਦੀਆਂ ਦਾ ਵਿਸੇਸ਼ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਕਿ ਇਹ ਲੋਕ ਸਾਡੇ ਸਮਾਜ ਨੂੰ ਕਰੋਨਾ ਵਾਇਰਸ ਦੇ ਖਤਰੇ ਤੋਂ ਬਚਾਉਣ ਲਈ ਦਿਨ ਰਾਤ ਕੰਮ ਕਰ ਰਹੇ ਹਨ।

ਸ: ਬਾਦਲ ਨੇ ਕਿਹਾ ਕਿ ਬੇਸ਼ਕ ਸਰਕਾਰੀ ਤੌਰ ਤੇ ਰਾਹਤ ਕਾਰਜਾਂ ਲਈ ਫੰਡ ਦੀ ਕੋਈ ਘਾਟ ਨਹੀਂ ਹੈ ਪਰ ਫਿਰ ਵੀ ਅਸੀਂ ਸਾਡੇ ਦਾਨਵੀਰ ਜ਼ਿਲਾ ਵਾਸੀਆਂ ਦੇ ਧੰਨਵਾਦੀ ਹਾਂ ਜੋ ਸਮਾਜ ਸੇਵਾ ਲਈ ਅੱਗੇ ਆ ਰਹੇ ਹਨ। ਉਨਾਂ ਨੇ ਕਿਹਾ ਕਿ ਹਾਲੇ ਤੱਕ ਜ਼ਿਲੇ ਵਿਚ ਜੋ ਰਾਹਤ ਕਾਰਜ ਚੱਲ ਰਹੇ ਹਨ ਉਨਾਂ ਦਾ ਪ੍ਰਬੰਧ ਲੋਕਾਂ ਤੋਂ ਪ੍ਰਾਪਤ ਸਹਿਯੋਗ ਵਿਚੋਂ ਹੀ ਹੋ ਰਿਹਾ ਹੈ ਅਤੇ ਹਾਲੇ ਸਰਕਾਰੀ ਫੰਡ ਦੀ ਵਰਤੋਂ ਦੀ ਜਰੂਰਤ ਵੀ ਨਹੀਂ ਪਈ ਹੈ।

ਇਸ ਮੌਕੇ ਵਿਜੈ ਕੁਮਾਰ ਜਿੰਦਲ ਵੱਲੋਂ 5 ਲੱਖ ਰੁਪਏ, ਸ੍ਰੀ ਡੀਪੀ ਗੋਇਲ ਗਰੀਨ ਸਿਟੀ ਵੱਲੋਂ 2.51 ਲੱਖ ਰੁਪਏ, ਰਾਇਸ ਸ਼ੈਲਰ ਐਸੋਸੀਏਸ਼ਨ ਵੱਲੋਂ 1 ਲੱਖ ਰੁਪਏ, ਪੈਟਰੋਲੀਅਮ ਪੰਪ ਐਸੋਸੀਏਸ਼ਨ ਵੱਲੋਂ 1 ਲੱਖ ਰੁਪਏ, ਰਿਟੇਲ ਕਰਿਆਣਾ ਐਸੋਸੀਏਸ਼ਨ ਵੱਲੋਂ 1 ਲੱਖ ਰੁਪਏ, ਇੰਡਸਟਰੀਅਲ ਗ੍ਰੋਥ ਸੈਂਟਰ ਐਸੋਸਇਏਸ਼ਨ ਵੱਲੋਂ 1 ਲੱਖ ਰੁਪਏ, ਮਨੂੰ ਇੰਜਨੀਅਰਜ਼ ਐਂਡ ਟ੍ਰੇਡਰਜ਼ 1 ਲੱਖ ਰੁਪਏ, ਯੋਗੇਸ਼ ਕੁਮਾਰ ਠੇਕੇਦਾਰ 51 ਹਜਾਰ ਰੁਪਏ, ਪੰਜਾਬ ਮੈਡੀਕਲ ਰਿਪਰੈਜਟੈਟਿਵ 31 ਹਜਾਰ ਰੁਪਏ, ਮਾਡਲ ਟਾਉਨ ਦੇ ਵਸੰਦਿਆਂ ਵੱਲੋਂ 31 ਹਜਾਰ ਰੁਪਏ ਦੀ ਰਕਮ ਜ਼ਿਲਾ ਪੱਧਰੀ ਫੰਡ ਲਈ ਦਿੱਤੀ ਗਈ। ਇਸ ਮੌਕੇ ਉਨਾਂ ਨੇ ਜ਼ਿਲਾ ਵਾਸੀਆਂ ਨੂੰ ਜੋਰ ਦੇ ਕੇ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਦੇ ਅੰਦਰ ਹੀ ਰਹਿਣ ਤਾਂ ਜੋ ਕਰੋਨਾ ਦੇ ਪਸਾਰ ਨੂੰ ਰੋਕਿਆ ਜਾ ਸਕੇ।

ਇਸ ਮੌਕੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲੇ ਦੇ ਸਨਮਾਨਿਤ ਨਾਗਰਿਕ ਜੋ ਇਸ ਫੰਡ ਵਿਚ ਸਹਿਯੋਗ ਕਰਨਾ ਚਾਹੁੰਦੇ ਹਨ ਉਹ 'ਬਠਿੰਡਾ ਕੋਵਿਡ ਰਲੀਫ ਫੰਡ' ਐਚਡੀਐਫਸੀ ਬੈਂਕ ਦੇ ਖਾਤਾ ਨੰਬਰ 50100342803123 ਵਿਚ ਜਮਾਂ ਕਰਵਾਈ ਜਾ ਸਕਦਾ ਹੈ। ਇਸ ਸ਼ਾਖਾ ਦਾ ਆਈਐਫਐਸਸੀ ਕੋਡ 'ਐਚ.ਡੀ.ਐਫ.ਸੀ. 0000187' ਹੈ।

ਇਸ ਮੌਕੇ ਐਸਐਸਪੀ ਡਾ: ਨਾਨਕ ਸਿੰਘ, ਕਮਿਸ਼ਨਰ ਨਗਰ ਨਿਗਮ ਸ੍ਰੀ ਬਿਕਰਮਜੀਤ ਸ਼ੇਰਗਿੱਲ, ਐਸਡੀਐਮ ਸ: ਅਮਰਿੰਦਰ ਸਿੰਘ ਟਿਵਾਣਾ, ਸਿਵਲ ਸਰਜਨ ਡਾ: ਅਮਰੀਕ ਸਿੰਘ, ਸ੍ਰੀ ਕੇ.ਕੇ ਅਗਰਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ, ਸ੍ਰੀ ਅਰੁਣ ਵਧਾਵਨ, ਸ੍ਰੀ ਜਗਰੂਪ ਸਿੰਘ ਗਿੱਲ, ਸ੍ਰੀ ਅਸ਼ੋਕ ਪ੍ਰਧਾਨ, ਸ੍ਰੀ ਪਵਨ ਮਾਨੀ, ਸ੍ਰੀ ਰਾਜਨ ਗਰਗ, ਸ੍ਰੀ ਬਲਜਿੰਦਰ ਠੇਕੇਦਾਰ, ਸ੍ਰੀ ਅਨਿਲ ਭੋਲਾ, ਸ੍ਰੀ ਮੋਹਨ ਲਾਲ ਝੁੰਬਾ, ਸ੍ਰੀ ਦਰਸ਼ਨ ਘੁੱਦਾ, ਸ੍ਰੀ ਟਹਿਲ ਸਿੰਘ ਸੰਧੂ ਅਤੇ ਸ੍ਰੀ ਰਤਨ ਰਾਹੀ ਆਦਿ ਵੀ ਹਾਜਰ ਸਨ।



ਬਠਿੰਡਾ ਦੇ ਦਾਨਵੀਰਾਂ ਨੇ ਰਾਹਤ ਕਾਰਜਾਂ ਦੇ ਲਈ ਵਿੱਤ ਮੰਤਰੀ ਸ. ਮਨਪ੍ਰੀਤ ਸਿੰਘ ਬਾਦਲ ਨੂੰ ਚੈੱਕ ਸੌਂਪਦੇ ਹੋਏ।

ਪ੍ਰੈਸ ਨੋਟ ਨੰਬਰ 3

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਬਠਿੰਡਾ ਜ਼ਿਲੇ ਵਿਚ ਕੋਵਿਡ ਬਿਮਾਰੀ ਦੀ ਰੋਕਥਾਮ ਲਈ ਕੀਤੇ ਜਾ ਰਹੇ ਹਨ ਸਾਰੇ ਇੰਤਜਾਮ ਕਮਿਸ਼ਨਰ

ਜ਼ਿਲਾ ਅਧਿਕਾਰੀਆਂ ਨਾਲ ਬੈਠਕ ਕਰਕੇ ਲਈ ਸਥਿਤੀ ਦਾ ਜਾਇਜਾ

ਬਠਿੰਡਾ, 5 ਅਪ੍ਰੈਲ : ਡਵੀਜ਼ਨਲ ਕਮਿਸ਼ਨਰ ਸ੍ਰੀ ਰਵਿੰਦਰ ਕੁਮਾਰ ਕੌਸ਼ਿਕ ਨੇ ਅੱਜ ਇੱਥੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਅਤੇ ਐਸ.ਐਸ.ਪੀ. ਡਾ: ਨਾਨਕ ਸਿੰਘ ਸਮੇਤ ਹੋਰ ਸੀਨਿਅਰ ਅਧਿਕਾਰੀਆਂ ਨਾਲ ਬੈਠਕ ਕਰਕੇ ਕੋਵਿਡ 19 ਬਿਮਾਰੀ ਦੀ ਰੋਕਥਾਮ ਲਈ ਕੀਤੇ ਜਾ ਰਹੇ ਇੰਤਜਾਮਾਂ ਦੀ ਸਮੀਖਿਆ ਕੀਤੀ। ਉਨਾਂ ਨੇ ਜਿਲ੍ਹੇ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਵੱਲੋਂ ਜ਼ਿਲੇ ਵਿਚ ਸਾਰੇ ਢੁਕਵੇਂ ਇੰਤਜਾਮ ਕੀਤੇ ਜਾ ਰਹੇ ਹਨ। ਉਨਾਂ ਨੇ ਜ਼ਿਲੇ ਦੇ ਲੋਕਾਂ ਨੂੰ ਅਪੀਲ ਵੀ ਕੀਤੀ ਕਿ ਉਹ ਕਰਫਿਊ ਦਾ ਸਖ਼ਤੀ ਨਾਲ ਪਾਲਣ ਕਰਨ ਕਿਉਂਕਿ ਇਹੀ ਇਕ ਤਰੀਕਾ ਹੈ ਇਸ ਖਤਰਨਾਕ ਬਿਮਾਰੀ ਦੇ ਪਸਾਰ ਨੂੰ ਰੋਕਣ ਦਾ। ਉਨਾਂ ਨੇ ਦੱਸਿਆ ਕਿ ਫਿਲਹਾਲ ਜ਼ਿਲੇ ਵਿਚ ਕਰੋਨਾ ਦਾ ਕੋਈ ਸੱਕੀ ਮਰੀਜ ਨਹੀਂ ਹੈ ਪਰ ਫਿਰ ਵੀ ਸਰਕਾਰ ਵੱਲੋਂ ਸਾਰੇ ਢੁਕਵੇਂ ਅਗਾਊਂ ਪ੍ਰਬੰਧ ਕੀਤੇ ਜਾ ਰਹੇ ਹਨ।

ਇਸ ਤੋਂ ਬਿਨਾਂ ਰਾਹਤ ਕਾਰਜਾਂ ਦੀ ਗੱਲ ਕਰਦਿਆਂ ਕਮਿਸ਼ਨ ਸ੍ਰੀ ਰਵਿੰਦਰ ਕੁਮਾਰ ਕੌਸ਼ਿਕ ਨੇ ਦੱਸਿਆ ਕਿ ਸਰਕਾਰ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਜਿੱਥੇ ਪੱਕਿਆ ਹੋਇਆ ਭੋਜਨ ਮੁਹਈਆ ਕਰਵਾਇਆ ਜਾ ਰਿਹਾ ਹੈ ਉਥੇ ਹੀ ਸੁੱਕਾ ਰਾਸ਼ਨ ਵੀ ਵੰਡਿਆ ਜਾ ਰਿਹਾ ਹੈ। ਉਨਾਂ ਨੇ ਕਿਹਾ ਕਿ ਲੋਕਾਂ ਤੱਕ ਬੁਨਿਆਦੀ ਵਸਤਾਂ ਦੀ ਪਹੁੰਚ ਹੁਣ ਆਮ ਵਾਂਗ ਹੈ। ਇਸੇ ਤਰਾਂ ਜਨਤਕ ਵੰਡ ਪ੍ਰਣਾਲੀ ਤਹਿਤ ਵੀ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਲਗਾਤਾਰ ਜਾਰੀ ਹੈ। ਇਸੇ ਤਰਾਂ ਪੈਨਸ਼ਨਰਾਂ ਨੂੰ ਪੈਨਸ਼ਨ ਦੇਣ ਲਈ ਬੈਕਿੰਗ ਪ੍ਰਣਾਲੀ ਨੂੰ ਵੀ ਲਗਾਇਆ ਗਿਆ ਹੈ। ਬੀਤੇ ਕੱਲ ਤੱਕ 58 ਹਜਾਰ ਤੋਂ ਜਿਆਦਾ ਲੋਕਾਂ ਨੂੰ ਪੈਨਸ਼ਨਾਂ ਦਿੱਤੀਆਂ ਜਾ ਚੁੱਕੀਆਂ ਹਨ।

ਇਸ ਮੌਕੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਜ਼ਿਲੇ ਵਿਚ ਬੀਤੀ ਸ਼ਾਮ ਤੱਕ 17 ਸੈਂਪਲਾਂ ਦੀ ਰਿਪੋਟ ਆਈ ਸੀ ਜੋ ਕਿ ਸਾਰੇ ਨੈਗੇਟਿਗ ਪਾਏ ਗਏ ਹਨ। ਐਸ.ਐਸ.ਪੀ. ਡਾ: ਨਾਨਕ ਸਿੰਘ ਨੇ ਦੱਸਿਆ ਕਿ ਕਰਫਿਊ ਦਾ ਸਖ਼ਤੀ ਨਾਲ ਪਾਲਣ ਕਰਵਾਇਆ ਜਾ ਰਿਹਾ ਹੈ ਅਤੇ ਜੋ ਵੀ ਉਲੰਘਣ ਕਰਦਾ ਹੈ ਉਸ ਖਿਲਾਫ ਸ਼ਖਤ ਕਾਰਵਾਈ ਕੀਤੀ ਜਾ ਰਹੀ ਹੈ।

ਇਸ ਮੌਕੇ ਕਮਿਸ਼ਨਰ ਨਗਰ ਨਿਗਮ ਸ੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ, ਐਸਡੀਐਮ ਸ: ਅਮਰਿੰਦਰ ਸਿੰਘ ਟਿਵਾਣਾ, ਸਿਵਲ ਸਰਜਨ ਡਾ: ਅਮਰੀਕ ਸਿੰਘ, ਤਹਿਸੀਲਦਾਰ ਸ: ਸੁਖਬੀਰ ਸਿੰਘ ਬਰਾੜ ਵੀ ਹਾਜਰ ਸਨ।



ਡਵੀਜ਼ਨਲ ਕਮਿਸ਼ਨਰ ਸ਼੍ਰੀ ਰਵਿੰਦਰ ਕੁਮਾਰ ਕੌਸ਼ਿਕ ਬਠਿੰਡਾ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨਾਲ ਕੋਵਿਡ-19 ਦੀ ਬਿਮਾਰੀ ਦੇ ਲਈ ਕੀਤੇ ਜਾ ਰਹੇ ਇੰਤਜ਼ਾਮਾਂ ਦੀ ਸਮੀਖਿਆ ਕਰਦੇ ਹੋਏ।